## ਪੰਜਾਬ ਸਰਕਾਰ
## ਸਕੂਲ ਸਿੱਖਿਆ ਵਿਭਾਗ
### ਸਿੱਖਿਆ ਸ਼ਾਖਾ- 7

(Through Website)

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.)
   ਪੰਜਾਬ
2. ਸਮੂਹ ਬੀ.ਪੀ.ਈ.ਓ.
   ਪੰਜਾਬ
3. ਸਕੂਲ ਮੁੱਖੀ
   ਸ.ਐ.ਸ., ਪੰਜਾਬ

ਮੀਮੋ ਨੰ: 1/12/2016-5ਸਿ7/1099542/1-3 ਮਿਤੀ: 6-11-2017

**ਵਿਸ਼ਾ: 14 ਨਵੰਬਰ ਨੂੰ ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਦਾਖਲ ਹੋਣ ਵਾਲੇ ਬੱਚਿਆਂ ਲਈ ਸਵਾਗਤੀ ਪ੍ਰੋਗਰਾਮ ਆਯੋਜਿਤ ਕਰਨ ਸਬੰਧੀ।**

1.0 ਪੰਜਾਬ ਸਰਕਾਰ ਵਲੋਂ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਲਈ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। 'ਪੜ੍ਹੋ ਪੰਜਾਬ ਪੜ੍ਹਾਓ ਪੰਜਾਬ' ਦੀ ਹੀ ਲਗਾਤਾਰਤਾ ਵਿੱਚ ਪਹਿਲੀ ਜਮਾਤ ਵਿੱਚ ਦਾਖਲਾ ਲੈਣ ਵਾਲੇ ਬੱਚਿਆਂ ਨੂੰ ਪ੍ਰਾਇਮਰੀ ਸਿੱਖਿਆ ਗ੍ਰਹਿਣ ਕਰਨ ਲਈ ਤਿਆਰ ਕਰਨਾ ਅਤੇ ਉਹਨਾਂ ਦਾ ਸਰਵ-ਪੱਖੀ ਵਿਕਾਸ ਕਰਨ ਲਈ ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ। ਸਰਕਾਰ ਵਲੋਂ ਇਹ ਫੈਸਲਾ ਲਿਆ ਗਿਆ ਹੈ ਕਿ 14 ਨਵੰਬਰ ਨੂੰ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਸ੍ਰੀ ਜਵਾਹਰ ਲਾਲ ਨਹਿਰੂ ਜੀ ਦੇ ਜਨਮ ਦਿਨ ਮੌਕੇ ਸਕੂਲਾਂ ਅੰਦਰ ਬਾਲ ਦਿਵਸ ਨੂੰ ਪ੍ਰੀ-ਪ੍ਰਾਇਮਰੀ ਜਮਾਤਾਂ ਦੇ ਬੱਚਿਆਂ ਲਈ ਸਵਾਗਤੀ ਪ੍ਰੋਗਰਾਮ ਆਯੋਜਿਤ ਕਰਕੇ ਮਨਾਇਆ ਜਾਵੇ।

2.0 ਪਿੰਡ ਦੇ ਸਰਪੰਚ, ਪੰਚਾਇਤ ਮੈਂਬਰਾਂ, ਸਕੂਲ ਮੇਨੈਜਮੈਂਟ ਕਮੇਟੀ ਮੈਬਰਾਂ, ਮਾਪਿਆਂ, ਪਤਵੰਤੇ ਸੱਜਣਾ ਅਤੇ ਆਂਗਣਵਾੜੀ ਵਰਕਰ/ਹੈਲਪਰ ਨੂੰ ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕਰਨ ਬਾਰੇ 14 ਨਵੰਬਰ ਨੂੰ ਕੀਤੇ ਜਾਣ ਵਾਲੇ ਸਵਾਗਤੀ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਜਾਵੇ ਅਤੇ ਇਹਨਾਂ ਨੂੰ ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕਰਣ ਦੇ ਉਦੇਸ਼ਾਂ ਬਾਰੇ ਜਾਣੂ ਕਰਵਾਇਆ ਜਾਵੇ।

3.0 14 ਨਵੰਬਰ ਨੂੰ ਪ੍ਰੀ-ਪ੍ਰਾਇਮਰੀ ਜਮਾਤਾਂ ਵਿੱਚ ਦਾਖਲ ਹੋਣ ਵਾਲੇ 3 ਤੋਂ 6 ਸਾਲ ਦੇ ਬੱਚਿਆਂ ਦੀ ਸੂਚੀ ਤਿਆਰ ਕੀਤੀ ਜਾਵੇ (ਇਸ ਕੰਮ ਲਈ ਮਿਤੀ 9 ਨਵੰਬਰ ਨੂੰ ਘਰੋਂ-ਘਰੀ ਕੀਤੇ ਸਰਵੇਖਣ ਦੀ ਰਿਪੋਰਟ ਨੂੰ ਵਰਤਿਆ ਜਾਵੇ)। ਇਹ ਯਕੀਨੀ ਬਣਾਇਆ ਜਾਵੇ ਕਿ ਤਿੰਨ ਤੋਂ ਛੇ ਸਾਲ ਦੀ ਉਮਰ ਤੱਕ ਦਾ ਕੋਈ ਵੀ ਬੱਚਾ ਸਕੂਲ ਵਿੱਚ ਦਾਖਲ ਹੋਣ ਤੋਂ ਵਾਂਝਾ ਨਾ ਰਹਿ ਜਾਵੇ।

4.0 ਪ੍ਰੀ-ਪ੍ਰਾਇਮਰੀ ਜਮਾਤ ਲਈ ਸ਼ਨਾਖਤ ਕੀਤੇ, ਦਾਖਲ ਕੀਤੇ 3 ਤੋਂ 6 ਸਾਲ ਦੇ ਬੱਚਿਆਂ ਦਾ 14 ਨਵੰਬਰ ਨੂੰ ਸਕੂਲ ਆਉਣਾ ਯਕੀਨੀ ਬਣਾਇਆ ਜਾਵੇ।

5.0 14 ਨਵੰਬਰ ਵਾਲੇ ਦਿਨ ਪ੍ਰੀ-ਪ੍ਰਾਇਮਰੀ ਦੇ ਬੱਚਿਆਂ ਲਈ ਚਾਰਟ, ਪੋਸਟਰ, ਬੈਨਰ, ਆਦਿ ਲਗਾ ਕੇ ਕਮਰਾ ਸਜਾਇਆ ਜਾਵੇ। ਪ੍ਰੀ-ਪ੍ਰਾਇਮਰੀ ਵਿੱਚ ਦਾਖਲ ਹੋਏ ਬੱਚਿਆਂ ਨੂੰ ਖਾਸ ਤੌਰ ਤੇ ਤਿਆਰ ਕੀਤੇ ਇਸ ਕਮਰੇ ਵਿੱਚ ਲਿਜਾਇਆ ਜਾਵੇ। ਇਹਨਾਂ ਬੱਚਿਆਂ ਨੂੰ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਪਾਣੀ ਦੇ ਰੰਗਾ ਦਾ ਇਸਤੇਮਾਲ ਕਰਦੇ ਹੋਏ ਕਾਗਜ਼ ਤੇ ਹੱਥ/ਉਂਗਲੀ

ਛਾਪਣਾ, ਕਾਗਜ਼ ਫੋਲਡ ਕਰਨਾ, ਖਿਡੌਣਿਆਂ ਨਾਲ ਖੇਡਣਾ, ਬਾਲ ਗੀਤ ਜਾਂ ਦਿਲਚਸਪ ਕਹਾਣੀ ਸੁਣਾਉਣ ਆਦਿ ਕਰਵਾਈਆਂ ਜਾਣ ਤਾਂ ਜੋ ਇਹਨਾਂ ਬੱਚਿਆਂ ਦੀ ਸਕੂਲ ਵਿੱਚ ਆਉਣ ਲਈ ਦਿਲਚਸਪੀ ਪੈਦਾ ਹੋ ਸਕੇ।

6.0 ਪ੍ਰੀ-ਪ੍ਰਾਇਮਰੀ ਜਮਾਤ ਲਈ ਤਿਆਰ ਕੀਤੇ ਕਮਰੇ ਵਿੱਚ ਬੁੱਕ ਕਾਰਨਰ ਅਤੇ ਖਿਡੌਣਿਆਂ ਦਾ ਕਾਰਨਰ ਵੀ ਸਥਾਪਿਤ ਕੀਤਾ ਜਾਵੇ।

7.0 ਹਰੇਕ ਸਕੂਲ ਵਿੱਚ ਸੂਚਨਾ ਕਾਊਂਟਰ ਲਗਾਇਆ ਜਾਵੇ, ਜਿਸ 'ਤੇ ਸਕੂਲ ਵਿੱਚ ਆਉਣ ਵਾਲੇ ਵਿਅਕਤੀਆਂ ਨੂੰ ਪ੍ਰੀ-ਪ੍ਰਾਇਮਰੀ ਪ੍ਰੋਗਰਾਮ ਅਤੇ ਸਰਕਾਰ ਵਲੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਦਿੱਤੀਆਂ ਜਾਣ ਵਾਲੀਆਂ ਮੁਫ਼ਤ ਸਹੂਲਤਾਂ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ।

8.0 ਸਕੂਲ ਵਿੱਚ ਇੱਕ ਰਜਿਸਟ੍ਰੇਸ਼ਨ ਕਾਊਂਟਰ ਵੀ ਲਗਾਇਆ ਜਾਵੇ ਜਿਸ ਤੇ ਸਕੂਲ ਵਿੱਚ ਆਉਣ ਵਾਲੇ 3 ਤੋਂ 6 ਸਾਲ ਦੇ ਬੱਚਿਆਂ ਦਾ ਦਾਖਲਾ ਕੀਤਾ ਜਾਵੇਗਾ ਅਤੇ ਬੱਚੇ ਦਾ ਨਾਮ ਦਾਖਲਾ-ਖਾਰਜ ਰਜਿਸਟਰ ਅਤੇ ਹਾਜਰੀ ਰਜਿਸਟਰ ਵਿੱਚ ਦਰਜ ਕੀਤਾ ਜਾਵੇਗਾ।

9.0 ਸਕੂਲ ਵਿੱਚ ਹਾਜਰ ਸਕੂਲ ਮੈਨੇਜਮੈਂਟ ਕਮੇਟੀ ਮੈਬਰਾਂ, ਪਿੰਡ ਦੇ ਸਰਪੰਚ, ਪੰਚਾਇਤ ਮੈਂਬਰਾਂ, ਪਤਵੰਤੇ ਸੱਜਣਾ ਅਤੇ ਪ੍ਰੀ-ਪ੍ਰਾਇਮਰੀ ਵਿੱਚ ਬੱਚਿਆਂ ਨੂੰ ਦਾਖਲ ਕਰਵਾਉਣ ਆਏ ਮਾਪਿਆਂ ਲਈ ਬਾਲ ਦਿਵਸ ਮੌਕੇ ਸਕੂਲ ਦੇ ਵਿਦਿਆਰਥੀਆਂ ਵਲੋਂ ਰੰਗਾ-ਰੰਗ ਪ੍ਰੋਗਰਾਮ ਆਯੋਜਿਤ ਕੀਤਾ ਜਾਵੇ।

10.0 ਉਕਤ ਗਤੀਵਿਧੀਆਂ ਕਰਵਾਉਣ ਦੀ ਜ਼ਿੰਮੇਵਾਰੀ ਜਿਥੇ ਸਕੂਲ ਮੁੱਖੀ ਦੀ ਹੈ, ਉਥੇ ਮੁੱਖ ਦਫ਼ਤਰ ਦੇ ਅਧਿਕਾਰੀ, ਸਬੰਧਤ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.), ਉਪ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.), ਡਾਇਟ ਪ੍ਰਿੰਸੀਪਲ, ਬੀ.ਪੀ.ਈ.ਓ. ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਦੀ ਟੀਮ ਵੀ ਇਹਨਾਂ ਗਤੀਵਿਧੀਆਂ ਨੂੰ ਕਰਵਾਉਣ ਲਈ ਜ਼ਿੰਮੇਵਾਰ ਹੋਵੇਗੀ।ਸਮੂਹ ਸਿੱਖਿਆ ਅਧਿਕਾਰੀ ਨਿੱਜੀ ਤੌਰ ਤੇ ਇਹਨਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ ਤਾਂ ਜੋ ਸਰਕਾਰ ਵਲੋਂ ਪ੍ਰੀ-ਪ੍ਰਾਇਮਰੀ ਜਮਾਤਾਂ ਸ਼ੁਰੂ ਕਰਨ ਅਤੇ ਸੂਬੇ ਵਿੱਚ ਬੱਚਿਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਦੇ ਯਤਨ ਸਫ਼ਲ ਹੋ ਸਕਣ।

**ਸਕੱਤਰ ਸਕੂਲ ਸਿੱਖਿਆ,ਪੰਜਾਬ।**

ਪਿੱਠ ਅੰਕਣ ਨੰ. ਉਕਤ ਮਿਤੀ: ਉਕਤ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।

**ਸਕੱਤਰ ਸਕੂਲ ਸਿੱਖਿਆ,ਪੰਜਾਬ।**